# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 23-01-2025**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਸੰਵਿਧਾਨ ਸਦਨ ਦੇ ਸੈਂਟਰਲ ਹਾਲ ਵਿੱਚ ਨੇਤਾਜੀ ਸੁਭਾਸ਼ ਚੰਦਰ ਬੋਸ ਨੂੰ ਉਨ੍ਹਾਂ ਦੀ ਜਯੰਤੀ ਮੌਕੇ ਸ਼ਰਧਾਂਜਲੀ ਭੇਟ ਕੀਤੀ । ਲੋਕ ਸਭਾ ਸਪੀਕਰ ਓਮ ਬਿਰਲਾ, ਰੱਖਿਆ ਮੰਤਰੀ ਰਾਜਨਾਥ ਸਿੰਘ, ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਅਤੇ ਹੋਰ ਨੇਤਾਵਾਂ ਨੇ ਵੀ ਨੇਤਾ ਜੀ ਦੀ ਤਸਵੀਰ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਪ੍ਰਧਾਨ ਮੰਤਰੀ ਨੇ ਇਸ ਮੌਕੇ ਉੱਥੇ ਮੌਜੂਦ ਵਿਦਿਆਰਥੀਆਂ ਨਾਲ ਗੱਲਬਾਤ ਵੀ ਕੀਤੀ।

---------------------------------------------------------

ਲੁਧਿਆਣਾ ਵਿੱਚ ਇੱਕ ਕੱਪੜਾ ਫੈਕਟਰੀ ਦੇ ਮਾਲਕ ਵੱਲੋਂ ਇੱਕ ਔਰਤ ਅਤੇ ਉਸ ਦੀਆਂ ਤਿੰਨ ਧੀਆਂ ‘ਤੇ ਕਥਿਤ ਚੋਰੀ ਦਾ ਦੋਸ਼ ਲਾ ਕੇ ਮੂੰਹ ਕਾਲੇ ਕਰ ਕੇ ਤੇ ਗਲੇ ਵਿਚ ‘ਮੈਂ ਚੋਰ ਹਾਂ’ ਦੀ ਤਖ਼ਤੀ ਪਾ ਕੇ ਗਲੀ ਵਿਚ

ਘੁਮਾਇਆ ਗਿਆ । ਇਸ ਮਾਮਲੇ ਦਾ ਖੁਦ ਨੋਟਿਸ ਲੈਂਦੇ ਹੋਏ ਪੰਜਾਬ ਰਾਜ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਦੇ ਚੇਅਰਮੈਨ ਕੰਵਰਦੀਪ ਸਿੰਘ ਨੇ ਕਿਹਾ ਕਿ ਇਹ ਘਟਨਾ ਬੱਚਿਆਂ ਦੇ ਅਧਿਕਾਰਾਂ ਦੀ ਵੱਡੀ ਉਲੰਘਣਾ ਏ। ਉਨ੍ਹਾਂ ਲੁਧਿਆਣਾ ਦੇ ਪੁਲਿਸ ਕਮਿਸ਼ਨਰ ਨੂੰ ਬਾਲ ਮਜ਼ਦੂਰੀ ਰੋਕੂ ਅਤੇ ਰੈਗੂਲੇਸ਼ਨ ਐਕਟ ਅਤੇ ਭਾਰਤੀ ਨਿਆਂ ਸੰਹਿਤਾ ਦੀਆਂ ਸਬੰਧਤ ਧਾਰਾਵਾਂ ਤਹਿਤ ਕੇਸ ਦਰਜ ਕਰ ਕੇ ਅੱਜ ਰਿਪੋਰਟ ਸੌਂਪਣ ਦੇ ਨਿਰਦੇਸ਼ ਦਿੱਤੇ ਨੇ ।

-----------------------------------------------------

ਪੰਜਾਬ ਦੇ ਸਿਹਤ ਵਿਭਾਗ ਨੇ ਸੂਬੇ ਵਿੱਚ ਨਸ਼ਿਆਂ ਦੇ ਖਾਤਮੇ ਲਈ ਗੈਰ ਸਰਕਾਰੀ ਸੰਗਠਨ ਨਾਰਕੋਟਿਕਸ ਅਨੋਨੀਮਸ (ਐਨ.ਏ.) ਨਾਲ ਸਹਿਯੋਗ ਕੀਤਾ ਏ । ਸੂਬੇ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ: ਬਲਬੀਰ ਸਿੰਘ ਨੇ ਐਨ.ਏ. ਦੇ ਸੂਬਾਈ ਮੈਂਬਰਾਂ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਨ ਮਗਰੋਂ ਇਸ ਬਾਰੇ ਜਾਣਕਾਰੀ ਦਿੱਤੀ। ਸੂਬੇ ਵਿੱਚ ਵਧ ਰਹੇ ਨਸ਼ਿਆਂ ਤੇ ਚਿੰਤਾ ਜ਼ਾਹਰ ਕਰਦਿਆਂ ਉਨ੍ਹਾਂ ਕਿਹਾ ਕਿ ਇਹ N.G.O. ਨਸ਼ਿਆਂ ਬਾਰੇ ਖੁੱਲ੍ਹੀ ਅਤੇ

ਇਮਾਨਦਾਰੀ ਨਾਲ ਚਰਚਾ ਕਰਨ ਤੋਂ ਇਲਾਵਾ ਮਿੱਥਾਂ ਅਤੇ ਗਲਤ ਧਾਰਨਾਵਾਂ ਨੂੰ ਦੂਰ ਕਰਨ ਵਿੱਚ ਮਦਦ ਕਰੇਗਾ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਦੁਰਵਰਤੋਂ ਨਾ ਸਿਰਫ਼ ਸਮਾਜਿਕ ਸਮੱਸਿਆਵਾਂ ਵੱਲ ਲਿਜਾਂਦੀ ਏ ਸਗੋਂ ਨਸ਼ੇ ਕਰਨ ਵਾਲੇ ਹੋਰ ਵੀ ਖਤਰਨਾਕ ਬਿਮਾਰੀਆਂ ਜਿਵੇਂ ਕਿ ਐਚ.ਆਈ.ਵੀ. , ਐਚ.ਸੀ.ਵੀ. ਅਤੇ ਟੀ.ਬੀ. ਸਮੇਤ ਹੋਰ ਲਾਗ ਵਾਲੀਆਂ ਬਿਮਾਰੀਆਂ ਦਾ ਸ਼ਿਕਾਰ ਹੋ ਜਾਂਦੇ ਨੇ।

---------------------------------------------------------

ਸੀਮਾ ਸੁਰੱਖਿਆ ਬਲ ਤੇ ਪੰਜਾਬ ਪੁਲਿਸ ਨੇ ਸਾਂਝੇ ਆਪਰੇਸ਼ਨਾਂ ਦੌਰਾਨ ਸਰਹੱਦੀ ਜ਼ਿਲ੍ਹੇ ਅੰਮ੍ਰਿਤਸਰ ਅਤੇ ਫਾਜ਼ਿਲਕਾ ਦੇ ਵੱਖ-ਵੱਖ ਥਾਵਾਂ ਤੋਂ ਇੱਕ ਭਾਰਤੀ ਤਸਕਰ ਨੂੰ ਹੈਰੋਇਨ ਸਮੇਤ ਕਾਬੂ ਕੀਤਾ ਏ। ਇਸ ਤੋਂ ਇਲਾਵਾ ਚਾਰ ਪਿਸਤੌਲਾਂ, ਚਾਰ ਮੈਗਜ਼ੀਨ ਅਤੇ ਦੋ ਡਰੋਨ ਵੀ ਬਰਾਮਦ ਕੀਤੇ ਗਏ ਨੇ। ਬੀ.ਐਸ.ਐਫ. ਦੇ ਸੂਤਰਾਂ ਨੇ ਸਾਡੇ ਜਲੰਧਰ ਵਾਲੇ ਪੱਤਰਕਾਰ ਨੂੰ ਦੱਸਿਆ ਕਿ ਉਨ੍ਹਾਂ ਨੇ ਸਰਹੱਦ 'ਤੇ ਸਥਾਪਤ ਤਕਨੀਕੀ ਯੰਤਰਾਂ ਤੇ ਖੁਫੀਆ ਜਾਣਕਾਰੀ 'ਤੇ ਤੇਜ਼ੀ ਨਾਲ ਕਾਰਵਾਈ ਕੀਤੀ ਜਿਸ ਦੇ ਸਿੱਟੇ ਵਜੋਂ ਨਸ਼ੀਲੇ ਪਦਾਰਥਾਂ ਸਮੇਤ ਤਸਕਰ ਨੂੰ ਕਾਬੂ ਕੀਤਾ ਗਿਆ ਅਤੇ ਸਰਹੱਦ

ਪਾਰੋਂ ਭੇਜੇ ਗਏ ਹਥਿਆਰ ਅਤੇ ਡਰੋਨ ਬਰਾਮਦ ਕੀਤੇ ਗਏ ਨੇ। ਉਨ੍ਹਾਂ ਕਿਹਾ ਕਿ ਬੀ.ਐਸ.ਐਫ. ਅਤੇ ਪੰਜਾਬ ਪੁਲਿਸ ਪਾਕਿਸਤਾਨ ਵੱਲੋਂ ਚਲਾਏ ਜਾ ਰਹੇ ਅੱਤਵਾਦੀ ਨੈਟਵਰਕ ਅਤੇ ਨਸ਼ਾ ਤਸਕਰੀ ਦੇ ਨਾਪਾਕ ਇਰਾਦਿਆਂ ਨੂੰ ਨਾਕਾਮ ਕਰਨ ਲਈ ਵਚਨਬੱਧ ਏ।

-----------------------------------------------------

ਅੰਤਰ ਰਾਸ਼ਟਰੀ ਸਹਿਕਾਰਤਾ ਸਾਲ-2025 ਸਬੰਧੀ ਜ਼ਿਲ੍ਹਾ ਜਲੰਧਰ ਦੀ ਮੀਟਿੰਗ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਮੇਜਰ ਡਾ. ਅਮਿਤ ਮਹਾਜਨ ਦੀ ਪ੍ਰਧਾਨਗੀ ਹੇਠ ਹੋਈ। ਡਾ. ਮਹਾਜਨ ਨੇ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਜ਼ਿਲ੍ਹਾ ਸਹਿਕਾਰਤਾ ਵਿਕਾਸ ਕਮੇਟੀ ਵੱਲੋਂ ਮੋਨੀਟਰ ਕੀਤੀਆਂ ਜਾਂਦੀਆਂ ਸਾਰੀਆਂ ਯੋਜਨਾਵਾਂ ਦਾ ਲਾਭ ਜ਼ਮੀਨੀ ਪੱਧਰ ’ਤੇ ਹਰੇਕ ਲੋੜਵੰਦ ਵਿਅਕਤੀ ਤੱਕ ਪਹੁੰਚਾਉਣ ਲਈ ਯੋਗ ਉਪਰਾਲੇ ਕੀਤੇ ਜਾਣ। ਇਸ ਦੌਰਾਨ ਉਪ ਰਜਿਸਟਰਾਰ, ਸਹਿਕਾਰੀ ਸਭਾਵਾਂ ਜਲੰਧਰ ਗੁਰਵਿੰਦਰਜੀਤ ਸਿੰਘ ਨੇ ਜ਼ਿਲ੍ਹੇ ਦੀਆਂ 239 ਬਹੁਮੰਤਵੀ ਸਹਿਕਾਰੀ ਸਭਾਵਾਂ ਵਿੱਚ ਚੱਲ ਰਹੇ ਵੱਖ-ਵੱਖ ਪ੍ਰਾਜੈਕਟਾਂ ਦੀ ਪ੍ਰਗਤੀ ਦੀ ਰਿਪੋਰਟ ਵੀ ਪੇਸ਼ ਕੀਤੀ ਗਈ।

---------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਚਲਾਈ ਭ੍ਰਿਸ਼ਟਾਚਾਰ ਵਿਰੁੱਧ ਮੁਹਿੰਮ ਤਹਿਤ ਹੁਸ਼ਿਆਰਪੁਰ ਜ਼ਿਲ੍ਹੇ ਦੇ ਪੁਲਿਸ ਥਾਣਾ ਗੜ੍ਹਸ਼ੰਕਰ ਦੇ ਐਸ.ਐਚ.ਓ. ਬਲਜਿੰਦਰ ਸਿੰਘ ਮੱਲ੍ਹੀ ਦਾ ਗੰਨਮੈਨ ਸਿਪਾਹੀ ਕਿੰਦਰ ਸਿੰਘ 30 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕੀਤਾ ਏ ਜੋ ਕਿ ਐਸ.ਐਚ.ਓ. ਵੱਲੋਂ ਇਹ ਰਿਸ਼ਵਤ ਲੈ ਰਿਹਾ ਸੀ । ਇਸ ਛਾਪੇ ਦੌਰਾਨ ਐਸ.ਐਚ.ਓ ਗ੍ਰਿਫ਼ਤਾਰੀ ਤੋਂ ਬਚ ਕੇ ਮੌਕੇ ਤੋਂ ਫਰਾਰ ਹੋ ਗਿਆ। ਜਾਣਕਾਰੀ ਦਿੰਦੇ ਹੋਏ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਜ਼ਿਲ੍ਹਾ ਰੂਪਨਗਰ ਦੇ ਨੰਗਲ ਸਬ-ਡਵੀਜ਼ਨ ਦੀ ਵਸਨੀਕ ਹਰਦੀਪ ਕੌਰ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਅਧਾਰ ’ਤੇ ਉਕਤ ਦੋਵੇਂ ਪੁਲਿਸ ਮੁਲਾਜ਼ਮਾਂ ਵਿਰੁੱਧ ਇਹ ਕੇਸ ਦਰਜ ਕੀਤਾ ਗਿਆ ਏ।ਦੋਹਾਂ ਮੁਲਜ਼ਮਾਂ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਜਲੰਧਰ ਰੇਂਜ ਵਿੱਚ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਕੇਸ ਦੀ ਅਗਲੇਰੀ ਜਾਂਚ ਜਾਰੀ ਹੈ।

---------------------------------------------------------------

ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਮਾਰਚ ਵਿੱਚ 72 ਪ੍ਰਾਇਮਰੀ ਸਕੂਲ ਅਧਿਆਪਕਾਂ ਦੇ ਦੂਜੇ ਬੈਚ ਨੂੰ ਸਿਖਲਾਈ ਲਈ ਫਿਨਲੈਂਡ ਭੇਜਣ ਲਈ ਪੂਰੀ ਤਰ੍ਹਾਂ ਤਿਆਰ ਏ। ਸਕੂਲ ਸਿੱਖਿਆ ਮੰਤਰੀ ਨੇ ਦੱਸਿਆ ਕਿ 72 ਪ੍ਰਾਇਮਰੀ ਸਕੂਲ ਅਧਿਆਪਕਾਂ ਦੇ ਦੂਜੇ ਬੈਚ ਦੀ ਸਿਖਲਾਈ ਲਈ ਯੂਨੀਵਰਸਿਟੀ ਆਫ਼ ਤੁਰਕੂ ਨਾਲ ਪਹਿਲਾਂ ਹੀ ਇੱਕ ਸਮਝੌਤਾ ਪੱਤਰ ’ਤੇ ਹਸਤਾਖ਼ਰ ਕੀਤੇ ਜਾ ਚੁੱਕੇ ਨੇ । ਤਿੰਨ ਹਫ਼ਤਿਆਂ ਦੇ ਇਸ ਸਿਖਲਾਈ ਪ੍ਰੋਗਰਾਮ ਦੌਰਾਨ ਪਹਿਲੇ ਹਫ਼ਤੇ ਪੰਜਾਬ ‘ਚ ਹੀ ਸਿਖਲਾਈ ਦਿੱਤੀ ਜਾਵੇਗੀ, ਜਿਸ ਤੋਂ ਬਾਅਦ ਅਗਲੇ ਦੋ ਹਫ਼ਤੇ ਫਿਨਲੈਂਡ ਵਿਖੇ ਸਿਖਲਾਈ ਦਿੱਤੀ ਜਾਵੇਗੀ ।

---------------------------------------------------------------

ਪੰਜਾਬ ਦੇ ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਪਤੰਗ ਉਡਾਉਣ ਵਾਲੀ ਘਾਤਕ ਚੀਨੀ ਡੋਰ ਵਿਰੁੱਧ ਇੱਕ ਮੁਹਿੰਮ ਸ਼ੁਰੂ ਕੀਤੀ। ਸ੍ਰੀ ਸ਼ੁਕਲਾ ਨੇ ਜਲੰਧਰ ਦੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ

ਅਤੇ ਲੁਧਿਆਣਾ ਦੇ ਸੀਪੀ ਕੁਲਦੀਪ ਸਿੰਘ ਚਾਹਲ ਦੇ ਨਾਲ ਦੋਵਾਂ ਸ਼ਹਿਰਾਂ ਦੇ ਸਥਾਨਕ ਬਾਜ਼ਾਰਾਂ ਦਾ ਦੌਰਾ ਕੀਤਾ ਅਤੇ ਪਤੰਗ ਵੇਚਣ ਵਾਲੇ ਦੁਕਾਨਦਾਰਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਚੀਨੀ ਪਲਾਸਟਿਕ ਪਤੰਗ ਦੀਆਂ ਡੋਰਾਂ ਵੇਚਣ ਤੋਂ ਪਰਹੇਜ਼ ਕਰਨ ਲਈ ਉਤਸ਼ਾਹਿਤ ਵੀ ਕੀਤਾ। ਸ਼੍ਰੀ ਸ਼ੁਕਲਾ ਨੇ ਦੱਸਿਆ ਕਿ ਪਿਛਲੇ 20 ਦਿਨਾਂ ਦੌਰਾਨ ਪੁਲਿਸ ਟੀਮਾਂ ਨੇ ਸੂਬੇ ਭਰ ਵਿੱਚ ਇਸ ਘਾਤਕ ਪਤੰਗ ਦੀ ਡੋਰ ਨੂੰ ਵੇਚਣ ਵਿੱਚ ਸ਼ਾਮਲ ਵਿਅਕਤੀਆਂ ਤੋਂ 80 ਹਜ਼ਾਰ 879 ਚੀਨੀ ਡੋਰ ਦੇ ਬੰਡਲ ਬਰਾਮਦ ਕੀਤੇ ਹਨ ਅਤੇ 90 ਐਫ.ਆਈ.ਆਰਜ਼ ਦਰਜ ਕੀਤੀਆਂ ਨੇ। ਇਸ ਤੋਂ ਇਲਾਵਾ, ਉਹਨਾਂ ਨੇ ਗਣਤੰਤਰ ਦਿਵਸ ਦੇ ਮੱਦੇਨਜ਼ਰ ਜਲੰਧਰ ਅਤੇ ਲੁਧਿਆਣਾ ਵਿੱਚ ਸੁਰੱਖਿਆ ਪ੍ਰਬੰਧਾਂ ਅਤੇ ਚੱਲ ਰਹੇ ਵਿਸ਼ੇਸ਼ ਆਪ੍ਰੇਸ਼ਨਾਂ ਦਾ ਵੀ ਜਾਇਜ਼ਾ ਲਿਆ।

---------------------------------------------------------

ਪੱਛਮੀ ਗੜਬੜੀ ਦੇ ਕਾਰਨ, ਇੱਕ ਚੱਕਰਵਾਤੀ ਸਰਕੂਲੇਸ਼ਨ ਪੰਜਾਬ 'ਚ ਅਤੇ ਦੋ ਗੁਆਂਢੀ ਰਾਜਾਂ ਵਿੱਚ ਸਰਗਰਮ ਹੋ ਗਿਆ ਏ। ਮੌਸਮ ਵਿਭਾਗ ਮੁਤਾਬਿਕ ਤਿੰਨ ਜ਼ਿਲ੍ਹਿਆਂ ਪਠਾਨਕੋਟ, ਰੂਪਨਗਰ ਅਤੇ

ਐਸਏਐਸ ਨਗਰ ਵਿੱਚ ਮੀਂਹ ਪੈਣ ਦੀ ਸੰਭਾਵਨਾ ਏ । ਬੀਤੇ ਦਿਨ ਬੁੱਧਵਾਰ ਨੂੰ ਘੱਟੋ-ਘੱਟ ਤਾਪਮਾਨ 'ਚ 1.6 ਡਿਗਰੀ ਦਾ ਵਾਧਾ ਦੇਖਿਆ ਗਿਆ ਅਤੇ ਇਹ ਤਾਪਮਾਨ ਆਮ ਨਾਲੋਂ 4.3 ਡਿਗਰੀ ਵੱਧ ਏ ।